# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :09-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਉਪ ਰਾਸ਼ਟਰਪਤੀ, ਸੀ.ਪੀ. ਰਾਧਾਕ੍ਰਿਸ਼ਨਨ ਨੇ ਵਿਦਿਆਰਥੀਆਂ ਨੂੰ ਭਾਰਤ ਦੀਆਂ ਕਦਰਾਂ-ਕੀਮਤਾਂ ਨੂੰ ਹਮੇਸ਼ਾ ਯਾਦ ਰੱਖਣ ਅਤੇ ਜੀਨਵ 'ਚ ਪ੍ਰਾਪਤ ਕੀਤਾ ਗਿਆਨ ਆਪਣੇ ਸਮਾਜ ਨੂੰ ਵਾਪਸ ਦੇਣ ਦਾ ਸੱਦਾ ਦਿੱਤਾ I
- ਉਪ ਰਾਸ਼ਟਰਪਤੀ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ 12ਵੀਂ ਕਨਵੋਕੇਸ਼ਨ ਵਿੱਚ ਪਾਸ ਹੋਏ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ I
- ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ -'ਈਜ਼ੀ ਰਜਿਸਟਰੀ' ਪਹਿਲਕਦਮੀ ਪੰਜਾਬ ਦੀ ਜਾਇਦਾਦ ਰਜਿਸਟ੍ਰੇਸ਼ਨ ਪ੍ਰਣਾਲੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਈ ਏ ।

- ਉੱਤਰੀ ਰੇਲਵੇ ਦੇ ਜੰਮੂ ਡਿਵੀਜ਼ਨ ਵਲੋਂ ਨਵੀਂ ਦਿੱਲੀ ਅਤੇ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵਿਚਕਾਰ ਵਿਸ਼ੇਸ਼ ਰਾਖਵੀਂ ਰੇਲਗੱਡੀ ਦੀਆਂ ਸੇਵਾਵਾਂ ਦੇ ਪਸਾਰ ਦਾ ਐਲਾਨ।
- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਸਮੇਤ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਸੰਘਣੀ ਧੁੰਦ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ।

## *ਹੁਣ ਖਬਰਾਂ ਵਿਸਥਾਰ ਨਾਲ*

ਉਪ ਰਾਸ਼ਟਰਪਤੀ, ਸੀ.ਪੀ. ਰਾਧਾਕ੍ਰਿਸ਼ਨਨ ਨੇ ਵਿਦਿਆਰਥੀਆਂ ਨੂੰ ਭਾਰਤ ਦੀਆਂ ਕਦਰਾਂ-ਕੀਮਤਾਂ ਨੂੰ ਹਮੇਸ਼ਾ ਯਾਦ ਰੱਖਣ ਅਤੇ ਜੀਨਵ 'ਚ ਪ੍ਰਾਪਤ ਕੀਤਾ ਗਿਆਨ ਆਪਣੇ ਸਮਾਜ ਨੂੰਵਾਪਸ ਦੇਣ ਦਾ ਸੱਦਾ ਦਿੱਤਾ ਏ। ਅੱਜ ਫਗਵਾੜਾ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ 12ਵੀਂ ਕਨਵੋਕੇਸ਼ਨ ਵਿੱਚ ਪਾਸ ਹੋਏ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨ ਮੌਕੇ ਉਪ ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀ ਆਪਣਾ ਭਵਿੱਖ ਬਣਾਉਣ ਲਈ ਭੂਗੋਲਿਕ ਸਰਹੱਦਾਂ ਪਾਰ ਕਰ ਰਹੇ ਹੋ ਪਰ ਭਾਰਤ ਦੀਆਂ ਕਦਰਾਂ-ਕੀਮਤਾਂ ਨੂੰ ਹਮੇਸ਼ ਯਾਦ ਰੱਖਣਾ ਚਾਹੀਦਾ ਏ ਜਿਸ ਵਿੱਚ ਇਮਾਨਦਾਰੀ, ਵਨ ਸੁਵੰਤਤਾ ਲਈ ਸਤਿਕਾਰ, ਹਮਦਰਦੀ ਅਤੇ

ਸੇਵਾ ਦੀ ਭਾਵਨਾ ਸ਼ਾਮਲ ਏ। ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਵਧ ਰਹੇ ਖ਼ਤਰੇ 'ਤੇ ਬੋਲਦੇ ਹੋਏ, ਸ੍ਰੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਇਹ ਗੰਭੀਰ ਚਿੰਤਾ ਦਾ ਵਿਸ਼ਾ ਏ । ਉਨ੍ਹਾਂ ਵਿਦਿਆਰਥੀਆਂ ਨੂੰ ਨਾ ਸਿਰਫ਼ ਨਸ਼ਿਆਂ ਨੂੰ ਨਾਂਹ ਕਹਿਣ ਦਾ ਸੱਦਾ ਦਿੱਤਾ ਸਗੋਂ ਆਪਣੇ ਦੋਸਤਾਂ ਨੂੰ ਵੀ ਇਸ ਖ਼ਤਰੇ ਤੋਂ ਬਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਮਾਜ ਲਈ ਇੱਕ ਵੱਡਾ ਯੋਗਦਾਨ ਹੋਵੇਗਾ।

Byte:

ਉਪ-ਰਾਸ਼ਟਰਪਤੀ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਯੂਨੀਵਰਸਿਟੀ ਦੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ਉਪ-ਰਾਸ਼ਟਰਪਤੀ ਨੇ ਉਸ ਮਹੱਤਵਪੂਰਨ ਸਮੇਂ 'ਤੇ ਰਾਸ਼ਟਰ ਦੇ ਨਾਲ ਖੜ੍ਹੇ ਹੋਣ ਲਈ ਯੂਨੀਵਰਸਿਟੀ ਦੀ ਸ਼ਲਾਘਾ ਕੀਤੀ।

Byte

ਜ਼ਿਕਰਯੋਗ ਏ ਕਿ ਸ੍ਰੀ ਰਾਧਾਕ੍ਰਿਸ਼ਨਨ, ਉਪ ਰਾਸ਼ਟਰਪਤੀ ਬਣਨ ਤੋਂ ਬਾਅਦ ਪਹਿਲੀ ਵਾਰ ਪੰਜਾਬ ਦੇ ਦੌਰੇ ਤੇ ਆਏ ਨੇ | ਇਸ ਤੋਂ ਪਹਿਲਾਂ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਹ ਵਿਦਿਅਕ ਸੰਸਥਾ, ਨਾ ਸਿਰਫ਼ ਵਿਦਿਆਰਥੀਆਂ ਨੂੰ ਚੰਗਾ ਗਿਆਨ ਪ੍ਰਦਾਨ ਕਰਦੀ ਏ , ਸਗੋਂ ਉਨ੍ਹਾਂ ਦੇ ਸਮੁੱਚੇ ਵਿਕਾਸ ਵਿੱਚ ਵੀ ਮਦਦ ਕਰਦੀ ਏ  ਅਤੇ ਉਨ੍ਹਾਂ ਨੂੰ ਦੇਸ਼ ਦੇ ਚੰਗੇ

ਨਾਗਰਿਕ ਵਜੋਂ ਰਾਸ਼ਟਰ ਨੂੰ ਸੌਂਪਦੀ ਏ। ਵਿਸ਼ੇਸ਼ ਮਹਿਮਾਨ ਬਰਤਾਨੀਆ ਦੇ ਸਾਬਕਾ ਪ੍ਰਧਾਨ ਮੰਤਰੀ, ਸ਼੍ਰੀਮਤੀ ਮੈਰੀ ਐਲਿਜ਼ਾਬੈਥ ਟਰਸ ਨੇ ਵੀ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ। ਇਸ ਮੌਕੇ ਮੈਂਬਰ ਪਾਰਲੀਮੈਂਟ ਅਤੇ ਯੂਨੀਵਰਸਿਟੀ ਦੇ ਚਾਂਸਲਰ ਅਸ਼ੋਕ ਕੁਮਾਰ ਮਿੱਤਲ ਵੀ ਮੌਜੂਦ ਸਨ

---------------------------------------------------------------

ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ 'ਈਜ਼ੀ ਰਜਿਸਟਰੀ' ਪਹਿਲਕਦਮੀ ਪੰਜਾਬ ਦੀ ਜਾਇਦਾਦ ਰਜਿਸਟ੍ਰੇਸ਼ਨ ਪ੍ਰਣਾਲੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਈ ਏ। ਮੰਤਰੀ ਨੇ ਦੱਸਿਆ ਕਿ ਪਿਛਲੇ ਸਾਲ ਜੁਲਾਈ ਵਿੱਚ ਇਸ ਦੀ ਸ਼ੁਰੂਆਤ ਤੋਂ ਲੈ ਕੇ ਦਸੰਬਰ ਤੱਕ ਕੁੱਲ 3 ਲਖ 70 ਹਜ਼ਾਰ 967 ਰਜਿਸਟਰੀਆਂ ਕੀਤੀਆਂ ਗਈਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਈਜ਼ੀ ਰਜਿਸਟਰੀ ਰਾਹੀਂ ਦਸਤਾਵੇਜ਼ਾਂ ਦੀ ਆਨਲਾਈਨ ਪ੍ਰੀ-ਸਕਰੂਟਨੀ ਸ਼ੁਰੂ ਕੀਤੀ ਗਈ ਏ , ਦਫ਼ਤਰੀ ਕਾਰਵਾਈ ਵਿੱਚ ਹੁੰਦੀ ਦੇਰੀ ਨੂੰ ਕਾਫ਼ੀ ਹੱਦ ਤੱਕ ਘਟਾਇਆ ਗਿਆ ਏ ਅਤੇ ਸਬ-ਰਜਿਸਟਰਾਰ ਦਫਤਰਾਂ ਵਿੱਚ ਪਹੁੰਚ ਆਸਾਨ ਹੋਈ ਏ। ਮੰਤਰੀ ਨੇ ਦੱਸਿਆ, ''ਸੇਲ ਡੀਡ ਦੀਆਂ ਦਸਤਖ਼ਤ ਰਹਿਤ ਕਾਪੀਆਂ ਦੀ ਹੁਣ 48 ਘੰਟਿਆਂ ਦੇ ਅੰਦਰ ਆਨਲਾਈਨ ਜਾਂਚ ਕੀਤੀ

ਜਾਂਦੀ ਏ , ਜਿਸ ਨਾਲ ਖੱਜਲ-ਖੁਆਰੀ ਕਾਫ਼ੀ ਘਟੀ ਏ ਅਤੇ ਭ੍ਰਿਸ਼ਟਾਚਾਰ ਦੇ ਰਸਤੇ ਪ੍ਰਭਾਵਸ਼ਾਲੀ ਢੰਗ ਨਾਲ ਬੰਦ ਹੋਏ ਨੇ । ਮਾਲ ਮੰਤਰੀ ਨੇ ਕਿਹਾ ਕਿ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਸਿਧਾਂਤ ਨੂੰ ਲਾਗੂ ਕਰਨ ਨਾਲ ਲੰਮੀਆਂ-ਲੰਮੀਆਂ ਕਤਾਰਾਂ ਅਤੇ ਪੱਖਪਾਤ ਵਾਲੇ ਵਤੀਰੇ ਤੋਂ ਨਿਜਾਤ ਮਿਲੀ ਏ । ਉਨ੍ਹਾਂ ਦੱਸਿਆ ਕਿ ਕਿਸੇ ਵੀ ਰੂਪ ਵਿੱਚ ਰਿਸ਼ਵਤ ਮੰਗਣ ਦੀ ਰਿਪੋਰਟ ਕਰਨ ਲਈ ਇੱਕ ਸਿੱਧੀ ਸ਼ਿਕਾਇਤ ਪ੍ਰਣਾਲੀ ਵੀ ਬਣਾਈ ਗਈ ਏ ਤਾਂ ਜੋ ਜ਼ਿਲ੍ਹਾ ਪੱਧਰ 'ਤੇ ਤੁਰੰਤ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ। ਮੰਤਰੀ ਨੇ ਦੱਸਿਆ ਕਿ ਲੋਕ 'ਡਰਾਫਟ ਮਾਈ ਡੀਡ' ਮਾਡਿਊਲ ਰਾਹੀਂ ਸੇਲ ਡੀਡ ਖ਼ੁਦ ਤਿਆਰ ਕਰ ਸਕਦੇ ਨੇ ਜਾਂ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਵਿੱਚ ਸਥਾਪਿਤ ਸੇਵਾ ਕੇਂਦਰ ਕਾਊਂਟਰਾਂ ਤੋਂ ਇਹ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ ਜਾਂ ਫਿਰ ਘਰ ਬੈਠੇ ਹੀ ਹੈਲਪਲਾਈਨ 1076 ਰਾਹੀਂ ਰਜਿਸਟ੍ਰੇਸ਼ਨ ਸਬੰਧੀ ਦਸਤਾਵੇਜ਼ ਤਿਆਰ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 25 ਬੈਂਕਾਂ ਰਾਹੀਂ ਇੱਕੋ ਵਾਰ ਸਟੈਂਪ ਡਿਊਟੀ ਅਤੇ ਰਜਿਸਟ੍ਰੇਸ਼ਨ ਫੀਸ ਦਾ ਆਨਲਾਈਨ ਅਦਾਇਗੀ ਕਰਨ ਨਾਲ ਇਹ ਪ੍ਰਕਿਰਿਆ ਹੋਰ ਵੀ ਸੁਖਾਲੀ ਹੋ ਗਈ ਏ ਜਿਸ ਨਾਲ ਲੋਕਾਂ ਲਈ ਸਹੂਲਤ ਵਧੀ ਏ।

---------------------------------------------------

ਭਾਰਤੀ ਜਨਤਾ ਪਾਰਟੀ ਨੇ ਪਠਾਨਕੋਟ ਜ਼ਿਲ੍ਹੇ ਦੇ ਸੁਜਾਨਪੁਰ ਵਿਧਾਨ ਸਭਾ ਹਲਕੇ ਦੇ ਚੱਕ ਮਾਧੋ ਸਿੰਘ ਪਿੰਡ ਵਿੱਚ ਵਿਕਾਸ ਭਾਰਤ ਜੀ ਰਾਮ ਜੀ ਯੋਜਨਾ ਸਬੰਧੀ ਇੱਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ। ਇਸ ਮੌਕੇ ਪੰਜਾਬ BJP ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਲੋਕਾਂ ਨੂੰ ਜੀ ਰਾਮ ਜੀ ਯੋਜਨਾ ਦੇ ਗੁਣਾਂ ਤੋਂ ਜਾਣੂ ਕਰਵਾਇਆ ਅਤੇ ਕਾਂਗਰਸ ਅਤੇ ਆਮ ਆਦਮੀ ਪਾਰਟੀ 'ਤੇ ਜਨਤਾ ਨੂੰ ਗੁੰਮਰਾਹ ਕਰਨ ਦਾ ਦੋਸ਼ ਲਗਾਇਆ।

BYTE

ਓਧਰ BJP ਵਲੋਂ ਬਟਾਲਾ ਦਫ਼ਤਰ ਵਿਖੇ ਇਕ ਪ੍ਰੈਸ ਕਾਨਫਰੰਸ ਦੌਰਾਨ BJP ਦੇ ਸਾਬਕਾ ਮੰਤਰੀ ਤੀਕਸ਼ਣ ਸੂਦ ਨੇ ਕਿਹਾ ਕਿ ਕੇਂਦਰ ਦੀ BJP ਸਰਕਾਰ ਵਲੋਂ ਮਨਰੇਗਾ ਸਕੀਮ ਵਿਚਲੀਆਂ ਕਮੀਆਂ ਦੂਰ ਕਰਦੇ ਹੋਏ ਨਵੇਂ ਰੂਪ ਵਿਚ ਵਿਕਸਿਤ ਭਾਰਤ ‘ਜੀ ਰਾਮ ਜੀ’ ਯੋਜਨਾ ਸ਼ੁਰੂ ਕੀਤੀ ਏ ਜੋ ਪੂਰੀ ਤਰ੍ਹਾਂ ਮਨਰੇਗਾ ਅਧੀਨ ਕੰਮ ਕਰਨ ਵਾਲੇ ਮਜ਼ਦੂਰਾਂ ਦੇ ਹਿੱਤ ਵਿਚ ਏ I

---------------------------------------------------------

ਸੜਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਛੇਤੀ ਹੀ ਸੜਕ ਹਾਦਸਿਆਂ ਦੇ ਪੀੜਤਾਂ ਲਈ ਇੱਕ ਨਕਦੀ ਰਹਿਤ ਡਾਕਟਰੀ ਇਲਾਜ ਯੋਜਨਾ ਸ਼ੁਰੂ

ਕਰਨਗੇ। ਸ੍ਰੀ ਗਡਕਰੀ ਨੇ ਇਹ ਐਲਾਨ ਨਵੀਂ ਦਿੱਲੀ ਵਿੱਚ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਟਰਾਂਸਪੋਰਟ ਮੰਤਰੀਆਂ ਅਤੇ ਟਰਾਂਸਪੋਰਟ ਵਿਕਾਸ ਪ੍ਰੀਸ਼ਦ ਦੀ 43ਵੀਂ ਮੀਟਿੰਗ ਤੋਂ ਬਾਅਦ ਇੱਕ ਪ੍ਰੈਸ ਕਾਨਫਰੰਸ ਵਿੱਚ ਕੀਤਾ। ਸ੍ਰੀ ਗਡਕਰੀ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, ਸੜਕ ਹਾਦਸੇ ਦੇ ਪੀੜਤਾਂ ਨੂੰ ਘੱਟੋ-ਘੱਟ ਸੱਤ ਦਿਨਾਂ ਲਈ  ਡੇਢ ਲਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਮਿਲੇਗਾ। ਜੋ ਵੀ ਵਿਅਕਤੀ ਸੜਕ ਹਾਦਸੇ ਦੇ ਪੀੜਤ ਨੂੰ ਹਸਪਤਾਲ ਪਹੁੰਚਾਉਣ ਵਿੱਚ ਮਦਦ ਕਰਦਾ ਏ ਉਸਨੂੰ  25 ਹਜ਼ਾਰ ਦਾ ਇਨਾਮ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਜ਼ਮਾਇਸ਼ੀ ਪ੍ਰੋਜੈਕਟ ਹਾਲ ਹੀ ਵਿੱਚ ਪੰਜਾਬ , ਹਰਿਆਣਾ, ਚੰਡੀਗੜ੍ਹ ਅਤੇ ਉੱਤਰ ਪ੍ਰਦੇਸ਼, ਸਮੇਤ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸਫਲਤਾਪੂਰਵਕ ਪੂਰੇ ਕੀਤੇ ਗਏ ਨੇ ।

---------------------------------------------------------------

ਉੱਤਰੀ ਰੇਲਵੇ ਦੇ ਜੰਮੂ ਡਿਵੀਜ਼ਨ ਨੇ ਭਾਰੀ ਮੰਗ ਅਤੇ ਮੁਸਾਫ਼ਿਰਾਂ ਦੀ ਸਹੂਲਤ ਦਾ ਹਵਾਲਾ ਦਿੰਦਿਆਂ, ਨਵੀਂ ਦਿੱਲੀ ਅਤੇ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵਿਚਕਾਰ ਵਿਸ਼ੇਸ਼ ਰਾਖਵੀਂ ਰੇਲਗੱਡੀ ਦੀਆਂ ਸੇਵਾਵਾਂ ਦੇ ਪਸਾਰ ਦਾ ਐਲਾਨ ਕੀਤਾ ਏ । ਨਵੀਂ ਦਿੱਲੀ ਤੋਂ ਕਟੜਾ ਤੱਕ ਰੇਲਗੱਡੀ ਨੰਬਰ 04-081 ਇਸ ਮਹੀਨੇ ਦੀ 9 ਅਤੇ 10 ਜਨਵਰੀ ਨੂੰ ਚੱਲੇਗੀ, ਜਦੋਂ ਕਿ

ਕਟੜਾ ਤੋਂ ਨਵੀਂ ਦਿੱਲੀ ਤੱਕ ਰੇਲਗੱਡੀ ਨੰਬਰ 04082,10 ਅਤੇ 11 ਜਨਵਰੀ ਨੂੰ ਚੱਲੇਗੀ।

-----------------------------------------------------------

ਗੁਰਦਾਸਪੁਰ ਦੀ ਕੇਸ਼ੋਪੁਰ ਛੰਭ ਵਿਖੇ ਪ੍ਰਵਾਸੀ ਪੰਛੀਆਂ ਦੀ ਆਮਦ ਹੋਣੀ ਸ਼ੁਰੂ ਹੋ ਗਈ ਏ I ਕੁਦਰਤੀ ਤੌਰ 'ਤੇ 811 ਏਕੜ ਵਿੱਚ ਫੈਲੀ ਕੇਸ਼ੋਪੁਰ ਛੰਭ ਵਿੱਚ ਸਰਦੀਆਂ ਸ਼ੁਰੂ ਹੁੰਦੇ ਹੀ ਇਹਨਾਂ ਵਿਦੇਸ਼ੀ ਪੰਛੀਆਂ ਦੀ ਆਮਦ ਕਾਰਨ ਰੌਣਕਾਂ ਲੱਗਣੀਆਂ ਸ਼ੁਰੂ ਹੋ ਜਾਂਦੀਆਂ ਨੇ । ਇਸ ਬਾਰੇ ਜਾਣਕਾਰੀ ਦਿੰਦੇ ਹੋਏ ਜੰਗਲੀ ਜੀਵ ਵਿਭਾਗ ਦੇ ਅਧਿਕਾਰੀ ਮਨਵੀਰ ਸਿੰਘ ਨੇ ਇਸ ਬਾਰੇ ਦੱਸਿਆ I

BYTE:

-----------------------------------------------------------

ਫਾਜ਼ਿਲਕਾ ਪੁਲਿਸ ਨੇ ਬੀ.ਐਸ.ਐਫ ਨਾਲ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ 545 ਗ੍ਰਾਮ ਅਫੀਮ ਅਤੇ ਇੱਕ ਮਾਇਕਰੋ ਡਰੋਨ ਬਰਾਮਦ ਕੀਤਾ ਏ । ਇਸ ਸਬੰਧੀ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਏ ।ਜਾਂਚ ਅਧਿਕਾਰੀ ਮੰਗਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੋਬਾਇਲ ਫੋਨ ਰਾਹੀਂ ਸੂਚਨਾ ਮਿਲੀ ਕਿ ਮਹਾਤਮਾ ਨਗਰ ਅਤੇ ਦੋਨਾ ਨਾਨਕਾ ਖੇਤਰ ਵਿੱਚ ਇੱਕ ਸ਼ੱਕੀ ਪੈਕਿਟ ਮਿਲਿਆ ਏ

। ਸਰਚ ਆਪ੍ਰੇਸ਼ਨ ਦੌਰਾਨ ਇੱਕ ਮਾਇਕਰੋ ਡਰੋਨ ਅਤੇ ਉਸਦੇ ਨਾਲ 545 ਗ੍ਰਾਮ ਅਫੀਮ ਬਰਾਮਦ ਹੋਈ।

ਓਧਰ ਸੀਮਾ ਸੁਰੱਖਿਆ ਬਲ ਨੇ ਗੁਰਦਾਸਪੁਰ ਅਧੀਨ ਆਉਂਦੀ ਬੀ.ਐਸ.ਐਫ ਦੀ 27 ਬਟਾਲੀਅਨ ਦੀ ਬੀਓਪੀ ਮੋਮਨਪੁਰ ਨਾਲ ਲੱਗਦੇ ਖੇਤਾਂ ਵਿੱਚੋਂ ਵੀ ਇੱਕ ਡਰੋਨ ਬਰਾਮਦ ਕੀਤਾ ਏ । ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮੀਰਕਚਾਨਾ ਦੇ ਕਿਸਾਨ ਨਿਸਾਨ ਸਿੰਘ ਨੇ ਆਪਣੇ ਨੇ ਖੇਤਾਂ ਵਿੱਚ ਡਿੱਗਾ ਹੋਇਆ ਡਰੋਨ ਵੇਖਿਆ , ਉਸ ਨੇ ਤੁਰੰਤ ਬੀ.ਐਸ.ਐਫ ਦੇ ਜਵਾਨਾਂ ਨੂੰ ਇਸਦੀ ਜਾਣਕਰੀ ਦਿੱਤੀ I ਪੁਲਿਸ ਅਤੇ ਬੀ.ਐਸਐ.ਫ ਦੇ ਜਵਾਨਾਂ ਨੇ ਖੇਤਾਂ ਵਿੱਚ ਪਏ ਡਰੋਨ ਨੂੰ ਬਰਾਮਦ ਕਰਕੇ ਇਲਾਕੇ ਵਿੱਚ ਤਲਾਸ਼ੀ ਅਭਿਆਨ ਚਲਾਇਆ ਹੋਇਆ ਏ ।ਬੀ.ਐਸ.ਐਫ ਦੇ ਅਧਿਕਾਰੀਆਂ ਮੁਤਾਬਿਕ ਖੇਤਾਂ ਵਿੱਚੋਂ ਬਰਾਮਦ ਕੀਤੇ ਗਏ ਡਰੋਨ ਦੀ ਫੋਰੈਸਿਕ ਜਾਂਚ ਕਰਵਾਈ ਜਾਵੇਗੀ।

---------------------------------------------------------

ਕਪੂਰਥਲਾ ਸੀ.ਆਈ.ਏ ਸਟਾਫ ਨੇ ਦੋ ਵਿਅਕਤੀਆਂ ਨੂੰ ਗੈਰ-ਕਾਨੂੰਨੀ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਐਸ ਪੀ ਡੀ ਪ੍ਰਭਜੋਤ ਸਿੰਘ ਨੇ ਇੱਕ ਪ੍ਰੈਸ ਕਾਨਫਰੰਸ ਵਿਚ ਦੱਸਿਆ ਕਿ ਇੱਕ ਵਿਸ਼ੇਸ਼ ਆਪ੍ਰੇਸ਼ਨ ਦੌਰਾਨ ਸੀ.ਆਈ.ਏ ਸਟਾਫ ਨੇ ਪੁਲਿਸ ਨਾਲ ਮਿਲ ਕੇ ਜ਼ਿਲ੍ਹਾ ਜਲੰਧਰ ਦੇ

ਰੰਧਾਵਾ ਮਸੰਦਾ ਵਾਸੀ ਬੇਬੀ ਅਤੇ  ਤਰਨਤਾਰਨ ਦੇ ਹਰਪ੍ਰੀਤ ਸਿੰਘ ਉਰਫ਼ ਨੂੰ ਪਿੰਡ ਅਰਾਈਆਂਵਾਲ ਨੇੜੇ ਗਸ਼ਤ ਦੌਰਾਨ ਗ੍ਰਿਫ਼ਤਾਰ ਕੀਤਾ। ਤਲਾਸ਼ੀ ਲੈਣ 'ਤੇ, ਇਨਾ ਕੋਲੋਂ 4 ਪਿਸਤੌਲ ਤੇ ਤਿੰਨ ਕਾਰਤੂਸ ਬਰਾਮਦ ਹੋਏ ਨੇ  । ਇਨਾ ਖਿਲਾਫ ਅਸਲਾ ਐਕਟ ਤਹਿਤ ਕਪੂਰਥਲਾ ਵਿਖੇ ਮਾਮਲਾ ਦਰਜ ਕਰਕੇ ਮੁਲਜ਼ਮਾਂ ਨੂੰ  ਅਦਾਲਤ ਵਿੱਚ ਪੇਸ਼ ਕੀਤਾ ਗਿਆ I  ਅਦਾਲਤ ਨੇ ਇਨਾ ਨੂੰ ਦੋ ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਏ ।  ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

---------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰਵੀਂ ਸ਼੍ਰੇਣੀ ਫਰਵਰੀ-ਮਾਰਚ 2026 ਦੀ ਸਲਾਨਾ ਪ੍ਰੀਖਿਆ  ਨਾਲ ਸਬੰਧਤ ਡੇਟਸ਼ੀਟ 30 ਦਸੰਬਰ ਨੂੰ ਜਾਰੀ ਕੀਤੀ ਗਈ ਸੀ। ਇਸ ਮੁਤਾਬਿਕ ਕਮਿਸਟਰੀ ਦਾ ਪੇਪਰ ਇਸ ਸਾਲ 4 ਅਪ੍ਰੈਲ ਨੂੰ ਕਰਵਾਇਆ ਜਾਣਾ ਸੀ। ਪ੍ਰਬੰਧਕੀ ਕਾਰਣਾਂ ਕਰਕੇ ਹੁਣ ਕਮਿਸਟਰੀ ਦਾ ਪੇਪਰ 20 ਮਾਰਚ ਨੂੰ ਪਹਿਲਾਂ ਜਾਰੀ ਨਿਰਧਾਰਿਤ ਸਮੇਂ ਅਨੁਸਾਰ ਕਰਵਾਇਆ ਜਾਵੇਗਾ। ਬਾਰਵੀਂ ਸ਼੍ਰੇਣੀ ਦੀ ਮੁੜ ਤੋਂ ਸੋਧੀ ਡੇਟਸ਼ੀਟ ਬੋਰਡ ਦੀ ਵੈਬਸਾਈਟ pseb.ac.in ਤੇ ਉਪਲੱਬਧ ਏ ।

---------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਦਿੱਲੀ ਸਮੇਤ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਸੰਘਣੀ ਧੁੰਦ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਇਹ ਵੀ ਦੱਸਿਆ ਏ ਕਿ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਰਾਜਸਥਾਨ ਤੇ ਦਿੱਲੀ ਵਿੱਚ ਸੀਤ ਲਹਿਰ ਵਰਗੀ ਸਥਿਤੀ ਬਣੀ ਰਹੇਗੀ।

---

- ਉਪ ਰਾਸ਼ਟਰਪਤੀ, ਸੀ.ਪੀ. ਰਾਧਾਕ੍ਰਿਸ਼ਨਨ ਨੇ ਵਿਦਿਆਰਥੀਆਂ ਨੂੰ ਭਾਰਤ ਦੀਆਂ ਕਦਰਾਂ-ਕੀਮਤਾਂ ਨੂੰ ਹਮੇਸ਼ਾ ਯਾਦ ਰੱਖਣ ਅਤੇ ਜੀਨਵ 'ਚ ਪ੍ਰਾਪਤ ਕੀਤਾ ਗਿਆਨ ਆਪਣੇ ਸਮਾਜ ਨੂੰ ਵਾਪਸ ਦੇਣ ਦਾ ਸੱਦਾ ਦਿੱਤਾ I
- ਉਪ ਰਾਸ਼ਟਰਪਤੀ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ 12ਵੀਂ ਕਨਵੋਕੇਸ਼ਨ ਵਿੱਚ ਪਾਸ ਹੋਏ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ I
- ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ -‘ਈਜ਼ੀ ਰਜਿਸਟਰੀ’ ਪਹਿਲਕਦਮੀ ਪੰਜਾਬ ਦੀ ਜਾਇਦਾਦ ਰਜਿਸਟ੍ਰੇਸ਼ਨ ਪ੍ਰਣਾਲੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਈ ਏ ।

- ਉੱਤਰੀ ਰੇਲਵੇ ਦੇ ਜੰਮੂ ਡਿਵੀਜ਼ਨ ਵਲੋਂ ਨਵੀਂ ਦਿੱਲੀ ਅਤੇ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵਿਚਕਾਰ ਵਿਸ਼ੇਸ਼ ਰਾਖਵੀਂ ਰੇਲਗੱਡੀ ਦੀਆਂ ਸੇਵਾਵਾਂ ਦੇ ਪਸਾਰ ਦਾ ਐਲਾਨ।
- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਸਮੇਤ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਸੰਘਣੀ ਧੁੰਦ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**